# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 18-09-2024**

- -ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਦੇਸ਼ ਦੇ ਸੱਭਿਆਚਾਰਕ ਅਤੇ ਆਰਥਿਕ ਵਿਕਾਸ ਲਈ, ਖੋਜ ਤੇ ਵਿਕਾਸ ਦੇ ਖੇਤਰ ਵਿੱਚ ਔਰਤਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਜ਼ਰੂਰੀ ਏ।
- -ਸਰਕਾਰ ਨੇ ਇੱਕ ਰਾਸ਼ਟਰ ਇੱਕ ਚੋਣ ਦੇ ਵਿਚਾਰ ਦੀ ਪੜਚੋਲ ਕਰਨ ਲਈ, ਕਾਇਮ  ਉੱਚ ਪੱਧਰੀ ਕਮੇਟੀ ਦੀਆਂ ਸਿਫ਼ਾਰਸ਼ਾਂ ਨੂੰ ਸਵੀਕਾਰ  ਕੀਤਾ।
- -ਪੰਜਾਬ ਭਰ ਵਿਚ "ਸਵੱਛਤਾ ਹੀ ਸੇਵਾ ਪੰਦਰਵਾੜੇ ਤਹਿਤ ਵੱਖ ਵੱਖ ਗਤੀਵਿਧੀਆਂ ਜਾਰੀ।
- -ਐੱਨ.ਆਈ.ਟੀ ਜਲੰਧਰ ਦੇ  ਫੈਕਲਟੀ ਮੈਂਬਰਾਂ ਦੀ ਵਿਸ਼ਵ ਪੱਧਰ ਦੇ ਸਿਖਰਲੇ 2 ਫ਼ੀਸਦ ਵਿਗਿਆਨੀਆਂ ਵਿੱਚ ਚੋਣ ਹੋਈ।

- -ਬਠਿੰਡਾ-ਡੱਬਵਾਲੀ ਸੜਕ ’ਤੇ ਪਿੰਡ ਗਹਿਰੀ ਬੁੱਟਰ ਵਿਖੇ ਅੱਜ ਸਵੇਰੇ ਗੱਦਿਆਂ ਦੀ ਫੈਕਟਰੀ ‘ਚ ਅੱਗ ਲੱਗਣ ਕਾਰਨ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਖੋਜ ਅਤੇ ਵਿਕਾਸ ਦੇ ਖੇਤਰ ਵਿੱਚ ਔਰਤਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਨਾ ਸਿਰਫ਼ ਦੇਸ਼ ਦੀ ਸੱਭਿਆਚਾਰਕ ਅਤੇ ਆਰਥਿਕ ਤਰੱਕੀ ਲਈ ਮਹੱਤਵਪੂਰਨ ਏ , ਸਗੋਂ ਔਰਤਾਂ ਦੇ ਜੀਵਨ ਪੱਧਰ ਵਿੱਚ ਸੁਧਾਰ ਲਈ ਵੀ ਜ਼ਰੂਰੀ ਐ । ਉਹ ਅੱਜ ਜੈਪੁਰ ਦੇ ਮਾਲਵੀਆ ਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ ਵਿਖੇ ਕਰਵਾਏ, 18ਵੇਂ ਕਨਵੋਕੇਸ਼ਨ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਜੇਕਰ ਔਰਤਾਂ ਨੂੰ ਬਰਾਬਰ ਦੇ ਮੌਕੇ ਮਿਲਣ ਤਾਂ ਉਹ ਹੋਰ ਉੱਤਮਤਾ ਹਾਸਲ ਕਰ ਸਕਦੀਆਂ ਨੇ । BYTE: ਰਾਸ਼ਟਰਪਤੀ ਨੇ ਕਿਹਾ ਕਿ ਵਿਦਿਆਰਥੀਆਂ ਦੀਆਂ ਇੱਛਾਵਾਂ ਰਾਸ਼ਟਰ ਦੇ ਅਨੁਰੂਪ ਹੋਣੀਆਂ ਚਾਹੀਦੀਆਂ ਨੇ ਅਤੇ ਉਨ੍ਹਾਂ ਨੂੰ ਸਮਾਜ ਅਤੇ ਦੇਸ਼ ਦੇ ਵਿਕਾਸ ਲਈ ਰਾਹ ਪੱਧਰਾ ਕਰਨਾ ਚਾਹੀਦਾ ਏ ।

ਰਾਸ਼ਟਰਪਤੀ ਨੇ ਵਿਦਿਆਰਥੀਆਂ ਨੂੰ ਸੋਨੇ ਦੇ ਤਮਗੇ ਭੇਟ ਕੀਤੇ ਅਤੇ ਸੰਸਥਾ ਦੇ ਨਵੇਂ ਅਰਾਵਲੀ ਹੋਸਟਲ ਦਾ ਉਦਘਾਟਨ ਕੀਤਾ ਵੀ ।

---------------------------------------------------------------

ਸਰਕਾਰ ਨੇ ਇੱਕ ਰਾਸ਼ਟਰ ਇੱਕ ਚੋਣ ਦੇ ਵਿਚਾਰ ਦੀ ਪੜਚੋਲ ਕਰਨ ਲਈ, ਕਾਇਮ ਉੱਚ ਪੱਧਰੀ ਕਮੇਟੀ ਦੀਆਂ ਸਿਫ਼ਾਰਸ਼ਾਂ ਨੂੰ ਸਵੀਕਾਰ ਕਰ ਲਿਆ ਏ, ਜਿਸ ਨਾਲ ਦੇਸ਼ ਭਰ ਵਿੱਚ ਇੱਕੋ ਸਮੇਂ ਚੋਣਾਂ ਕਰਵਾਉਣ ਦਾ ਰਾਹ ਪੱਧਰਾ ਹੋ ਗਿਐ। ਅੱਜ ਨਵੀਂ ਦਿੱਲੀ ਵਿੱਚ, ਜਾਣਕਾਰੀ ਦਿੰਦੇ ਹੋਏ ਸੂਚਨਾ ਅਤੇ ਪ੍ਰਸਾਰਣ ਮੰਤਰੀ, ਅਸ਼ਵਨੀ ਵੈਸ਼ਨਵ ਨੇ ਕਿਹਾ, ਕਿ ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ ਦੀ ਪ੍ਰਧਾਨਗੀ ਹੇਠ,ਕਾਇਮ ਇੱਕ ਉੱਚ ਪੱਧਰੀ ਕਮੇਟੀ ਨੇ, ਸਿਆਸੀ ਪਾਰਟੀਆਂ ਅਤੇ ਮਾਹਿਰਾਂ ਸਮੇਤ, ਹਿੱਸੇਦਾਰਾਂ ਨਾਲ ਵਿਆਪਕ ਵਿਚਾਰ-ਵਟਾਂਦਰਾ ਕੀਤਾ । ਉਨ੍ਹਾਂ ਕਿਹਾ ਕਿ ਇਸ ਨੂੰ ਦੋ ਗੇੜਾਂ ਵਿੱਚ ਲਾਗੂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਹਿਲੇ ਗੇੜ ਵਿੱਚ ਲੋਕ ਸਭਾ ਅਤੇ ਵਿਧਾਨ ਸਭਾ ਚੋਣਾਂ ਨਾਲੋ-ਨਾਲ ਕਰਵਾਈਆਂ ਜਾਣਗੀਆਂ ਜਦ ਕਿ ਪੰਚਾਇਤਾਂ ਅਤੇ ਨਗਰ ਪਾਲਿਕਾਵਾਂ

ਵਰਗੀਆਂ ਸਥਾਨਕ ਸੰਸਥਾਵਾਂ ਦੀਆਂ ਚੋਣਾਂ, ਆਮ ਚੋਣਾਂ ਦੇ 100 ਦਿਨਾਂ ਦੇ ਅੰਦਰ ਕਰਵਾਈਆਂ ਜਾਣਗੀਆਂ।

---------------------------------------------------------------------

ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਤਹਿਤ ਹੁਣ ਤੱਕ ਕਰੀਬ ਸੱਤ ਹਜ਼ਾਰ ਬੂਟੇ ਲਗਾਏ ਨੇ । ਦੇਸ਼ ਭਰ ਵਿੱਚ ਸ਼ਹਿਰੀ ਅਤੇ ਦਿਹਾਤੀ ਥਾਵਾਂ 'ਤੇ ਮੰਤਰਾਲੇ ਵਲੋਂ ਆਪਣੇ ਫੀਲਡ ਦਫਤਰਾਂ ਨਾਲ ਬੂਟੇ ਲਗਾਏ ਗਏ ਹਨ। ਇਸ ਮੁਹਿੰਮ ਦੀ ਸ਼ੁਰੂਆਤ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਸਾਲ ਵਿਸ਼ਵ ਵਾਤਾਵਰਣ ਦਿਵਸ 'ਤੇ ਕੀਤੀ ਸੀ । ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਨੇ ਧਰਤੀ ਨੂੰ ਬਿਹਤਰ ਬਣਾਉਣ ਅਤੇ ਕੁਦਰਤ ਦੀ ਸੁਰੱਖਿਆ ਲਈ ਯੋਗਦਾਨ ਦੇਣ ਲਈ ਅਗਸਤ ਦੇ ਦੂਜੇ ਹਫ਼ਤੇ ਤੋਂ ਇਸ ਬੂਟੇ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਸੀ। ਮੰਤਰਾਲੇ ਨੇ ਕਿਹਾ, 17 ਸਤੰਬਰ ਤੋਂ ਪਹਿਲੀ ਅਕਤੂਬਰ ਤੱਕ ਸਵੱਛਤਾ ਹੀ ਸੇਵਾ ਮੁਹਿੰਮ ਦੇ ਪੰਦਰਵਾੜੇ ਦੌਰਾਨ, ਬੂਟੇ ਲਗਾਉਣ ਦੀ ਮੁਹਿੰਮ ਨੂੰ ਤੇਜ਼ ਕਰਨ ਦੇ ਯਤਨ ਕੀਤੇ ਜਾ ਰਹੇ ਨੇ

---------------------------------------------------------------------

ਕੇਂਦਰੀ ਸੈਕੰਡਰੀ ਸਿਖਿਆ ਬੋਰਡ -CBSE ਵਿਚ  ਸਾਲ 2025 ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਮਲ ਹੋਣ ਵਾਲੇ 9ਵੀਂ ਅਤੇ 11ਵੀਂ ਜਮਾਤ ਦੇ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਅੱਜ ਤੋਂ ਸ਼ੁਰੂ ਹੋ ਗਈ ਏ। CBSE ਵਲੋਂ ਜਾਰੀ ਨੋਟੀਫਿਕੇਸ਼ਨ ਮੁਤਾਬਿਕ , ਰਜਿਸਟ੍ਰੇਸ਼ਨ ਦੀ ਆਖਰੀ ਤਰੀਕ  16 ਅਕਤੂਬਰ ਏ।

------------------------------------------------------------

ਪੰਜਾਬ ਭਰ ਵਿਚ "ਸਵੱਛਤਾ ਹੀ ਸੇਵਾ ਪੰਦਰਵਾੜੇ ਤਹਿਤ ਵੱਖ ਵੱਖ ਗਤੀਵਿਧੀਆਂ ਕਾਰਵਾਈ ਜਾ ਰਹੀਆਂ ਨੇ। ਪਟਿਆਲਾ ਦੇ ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਨੇਨਗਰ ਨਿਗਮ ਪਟਿਆਲਾ ਦੇ ਸੈਂਟਰ ਫੋਕਲ ਪੁਆਇੰਟ  ਦਾ ਦੌਰਾ ਕੀਤਾ। ਉਨ੍ਹਾਂ ਸਨੌਰ ਰੋਡ 'ਤੇ ਸਥਿਤ ਕੂੜੇ ਦੇ ਡੰਪ ਦਾ ਵੀ ਜਾਇਜ਼ਾ ਲਿਆ ਅਤੇ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਦੌਰਾ ਕੀਤਾ। ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਏ  ਕਿ ਕੂੜਾ ਘਟਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਸਾਥ ਦੇਣ ਅਤੇ ਇਸ ਲਈ ਕੇਵਲ ਕੁਝ ਕੁ ਗੱਲਾਂ ਦਾ ਧਿਆਨ ਰੱਖਣ, ਜਿਸ ਨਾਲ ਕੂੜੇ ਦਾ ਨਿਪਟਾਰਾ ਸੁਚੱਜੇ ਤੇ ਵਾਤਾਵਰਣ ਪੱਖੀ ਢੰਗ ਨਾਲ ਸਹਿਜੇ ਹੀ ਕੀਤਾ ਜਾ

ਸਕੇਗਾ। ਡਾ. ਪ੍ਰੀਤੀ ਯਾਦਵ ਨੇ ਲੋਕਾਂ ਨੂੰ ਬੂਟੇ ਲਾਉਣ ਲਈ ਵੀ ਪ੍ਰੇਰਿਤ ਕੀਤਾ। ਏਧਰ ਜਲੰਧਰ ਵਿਚ ਵਿਧਾਇਕ ਰਮਨ ਅਰੋੜਾ ਅਤੇ ਵਧੀਕ ਡਿਪਟੀ ਕਮਿਸ਼ਨਰ ਬੁੱਧੀਰਾਜ ਸਿੰਘ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ 'ਸਵੱਛਤਾ ਹੀ ਸੇਵਾ ਮੁਹਿੰਮ ਦੀ ਰਸਮੀ ਸ਼ੁਰੂਆਤ ਕਰਦਿਆਂ ਦਫ਼ਤਰਾਂ ਦੀ ਸਾਫ਼-ਸਫ਼ਾਈ ਨੂੰ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ 'ਸਵੱਛਤਾ ਸਹੁੰ' ਚੁਕਾਈ। ਉਨ੍ਹਾਂ ਇਸ ਸਫ਼ਾਈ ਮੁਹਿੰਮ ਤਹਿਤ ਕੀਤੇ ਜਾਣ ਵਾਲੇ ਰੋਜ਼ਾਨਾ ਦੇ ਕੰਮਾਂ ਦੀ ਰੂਪ ਰੇਖਾ ਉਲੀਕੀ। ਇਸ ਪਹਿਲਕਦਮੀ ਦਾ ਉਦੇਸ਼ ਵਾਤਾਵਰਨ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਰੱਖਣ ਦੇ ਟੀਚੇ ਨਾਲ ਸਫ਼ਾਈ ਅਤੇ ਪ੍ਰਭਾਵੀ ਰਹਿੰਦ-ਖੂੰਹਦ ਪ੍ਰਬੰਧਨ ਬਾਰੇ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨਾ ਏ।

---

ਪੰਜਾਬ ਦੇ ਸਿਹਤ ਵਿਭਾਗ ਨੇ ਸਾਰੇ ਜ਼ਿਲ੍ਹਿਆਂ ਲਈ ਸਵਾਈਨ ਫਲੂ ਤੋਂ ਬਚਾਅ ਸਬੰਧੀ ਸਲਾਹ ਜਾਰੀ ਕੀਤੀ ਏ। ਲੁਧਿਆਣਾ ਜ਼ਿਲ੍ਹੇ ਵਿੱਚ ਸਵਾਈਨ ਫਲੂ ਦੇ ਪਾਜ਼ੀਟਿਵ ਮਾਮਲੇ ਪਾਏ ਜਾਣ ਤੋਂ ਮਗਰੋਂ ਸਿਹਤ ਵਿਭਾਗ ਹਰਕਤ ਵਿੱਚ ਆ ਗਿਆ ਏ। ਮਹਿਕਮੇ ਨੇ ਇਸ ਬਿਮਾਰੀ ਤੋਂ

ਬਚਾਅ ਸਬੰਧੀ ਸਾਰੇ ਜ਼ਿਲ੍ਹਿਆਂ ਦੇ ਸਿਵਲ ਹਸਪਤਾਲਾਂ ਵਿੱਚ ਵਿਸ਼ੇਸ ਪ੍ਰਬੰਧ ਕਰਨ ਦੀ ਸਖ਼ਤ ਹਦਾਇਤ ਕੀਤੀ ਏ। ਮਾਨਸਾ ਦੇ ਸਿਵਲ ਸਰਜਨ ਡਾ. ਹਰਦੇਵ ਸਿੰਘ ਪ੍ਰਧਾਨਗੀ ਹੇਠ ਸਿਹਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਹੋਈ, ਜਿਸ ਵਿੱਚ ਸਵਾਈਨ ਫਲੂ ਤੋਂ ਲੋਕਾਂ ਨੂੰ ਜਾਗਰੂਕ ਕਰਨ ਅਤੇ ਬਚਾਅ ਰੱਖਣ ਲਈ ਤੁਰੰਤ ਮੁਹਿੰਮ ਆਰੰਭ ਕਰਨ ਦੇ ਹੁਕਮ ਜਾਰੀ ਕੀਤੇ ਨੇ। ਸਿਵਲ ਸਰਜਨ ਨੇ ਦੱਸਿਆ ਕਿ ਭਾਵੇਂ ਸਵਾਈਨ ਫਲੂ ਤੋਂ ਡਰਨ ਦੀ ਲੋੜ ਨਹੀਂ, ਸਗੋਂ ਇਸ ਤੋਂ ਬਚਣ,ਤੁਰੰਤ ਇਲਾਜ਼ ਦੇ ਉਪਰਾਲੇ ਕਰਨ ਅਤੇ ਲੋੜੀਂਦੀਆਂ ਸਾਵਧਾਨੀਆਂ ਵਰਤਣ ਦੀ ਸਖ਼ਤ ਲੋੜ ਏ।

---

ਜਲੰਧਰ ਸਥਿਤ ਡਾ. ਬੀ. ਆਰ. ਅੰਬੇਡਕਰ ਰਾਸ਼ਟਰੀ ਤਕਨੀਕੀ ਸੰਸਥਾਨ ਦੇ 16 ਫੈਕਲਟੀ ਮੈਂਬਰਾਂ ਨੂੰ ਸਾਲ 2024 ਲਈ ਦੁਨੀਆ ਦੇ ਸਿਖਰਲੇ 2 ਫ਼ੀਸਦ ਵਿਗਿਆਨੀਆਂ ਵਿੱਚ ਸਥਾਨ ਦਿੱਤਾ ਗਿਆ ਏ। ਇਹ ਵਿਸ਼ਵ ਪੱਧਰੀ ਸਰਵੇਖਣ ਹਰੇਕ ਸਾਲ ਵਿਗਿਆਨੀਆਂ ਦੇ ਖੋਜ ਪ੍ਰਮਾਣਿਕਤਾ ਦੇ ਆਧਾਰ 'ਤੇ ਸਾਂਝੇ ਤੌਰ 'ਤੇ ਸਟੈਨ-ਫੋਰਡ

ਯੂਨੀਵਰਸਿਟੀ ਅਤੇ ਐਲਸ-ਵੀਅਰ ਵੱਲੋਂ ਕੀਤਾ ਜਾਂਦਾ ਏ । ਇਸ ਰੈਂਕਿੰਗ ਵਿੱਚ ਐੱਨ.ਆਈ.ਟੀ ਜਲੰਧਰ ਦੇ ਨਿਰਦੇਸ਼ਕ, ਪ੍ਰੋ. ਬਿਨੋਦ ਕੁਮਾਰ ਕਨੌਜੀਆ, ਅਤੇ ਡਾ. ਜੇ. ਐੱਨ. ਚਕਰਵਰਤੀ, ਸਮੇਤ 16 ਮੈਂਬਰ ਸ਼ਾਮਲ ਨੇ। ਇਹ ਪ੍ਰਾਪਤੀਆਂ ਇਹਨਾਂ ਵਿਗਿਆਨੀਆਂ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਕੀਤੇ ਯੋਗਦਾਨ ਦਾ ਸਬੂਤ ਨੇ । ਪ੍ਰੋ. ਕਨੌਜੀਆ ਨੇ ਇਹਨਾਂ ਵਿਗਿਆਨੀਆਂ ਦੀਆਂ ਉੱਚ ਗੁਣਵੱਤਾ ਵਾਲੇ ਖੋਜ ਵਿੱਚ ਵਿਲੱਖਣ ਪ੍ਰਾਪਤੀਆਂ ਅਤੇ ਵਿਸੇਸ਼ ਯੋਗਦਾਨ ਦੀ ਸ਼ਲਾਘਾ ਕੀਤੀ। ਪਿਛਲੇ ਸਾਲ 6 ਫੈਕਲਟੀ ਮੈਂਬਰਾਂ ਨੂੰ ਸੂਚੀਬੱਧ ਕੀਤਾ ਗਿਆ ਸੀ, ਜਦਕਿ ਇਸ ਸਾਲ ਸੋਲਾਂ ਵਿਗਿਆਨੀਆਂ ਦੀ ਚੋਣ ਹੋਈ ਏ। ਪ੍ਰੋ. ਕਨੌਜੀਆ ਨੇ ਇਸ ਵਿਸੇਸ਼ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਇਸ ਨੂੰ ਉਹਨਾਂ ਦੀ ਸਖ਼ਤ ਮਿਹਨਤ ਅਤੇ ਸਮਰਪਣ ਦਾ ਨਤੀਜਾ ਦੱਸਿਆ।

-------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਹਾੜ੍ਹੀ ਦੀਆਂ ਫਸਲਾਂ ਲਈ, ਕਿਸਾਨ ਮੇਲਿਆਂ ਦੇ ਸਿਲਸਿਲੇ ਵਿਚ ਅੱਜ ਗੁਰਦਾਸਪੁਰ ਸਥਿਤ ਖੇਤਰੀ ਖੋਜ ਕੇਂਦਰ ਵਿਖੇ ਕਿਸਾਨ ਮੇਲਾ ਲਗਾਇਆ ਗਿਆ। ਪੰਜਾਬ ਦੇ ਖੁਰਾਕ

ਅਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਸਨ ਜਦਕਿ ਮੇਲੇ ਦੀ ਪ੍ਰਧਾਨਗੀ ਪੀ.ਏ.ਯੂ ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਕੀਤੀ। ਮੇਲੇ ਦੌਰਾਨ ਖੇਤਰੀ ਖੋਜ ਕੇਂਦਰ ਵਿਖੇ ਬੀਜਾਂ ਦੇ ਵਿਕਰੀ ਕੇਂਦਰ ਦਾ ਉਦਘਾਟਨ ਵੀ ਕੀਤਾ ਗਿਆ । ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਕਿਸਾਨ ਮੇਲੇ ਦੀ ਸਾਰਥਕਤਾ ਭਰਵੇਂ ਇਕੱਠ ਨਾਲ ਸਾਬਿਤ ਹੁੰਦੀ ਏ ਤੇ ਇਸ ਕੇਂਦਰ ਵਿਚ ਮੇਲੇ ਦਾ ਲੱਗਣਾ ਕਿਸਾਨ ਵੀਰਾਂ ਤੇ ਭੈਣਾਂ ਨੂੰ ਨਵੇਂ ਖੇਤੀ ਗਿਆਨ ਤੋਂ ਜਾਣੂ ਹੋਣ ਦਾ ਮੌਕਾ ਪ੍ਰਦਾਨ ਕਰਦਾ ਏ । BYTE

ਇਸ ਮੌਕੇ ਵੱਡੀ ਗਿਣਤੀ ਵਿਚ ਕਿਸਾਨਾਂ ਨੇ ਵੀ ਸ਼ਿਰਕਤ ਕੀਤੀ ।

-----------------------------------------------------------

ਪੰਜਾਬ ਸਰਕਾਰ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋ ਮਾਲੇਰਕੋਟਲਾ ਦੇ ਪਿੰਡ ਜਾਗੋਵਾਲ ਵਿਖੇ ਝੋਨੇ ਦੀ ਰਹਿੰਦ ਖੂਹੰਦ ਦੀ ਸੁਚੱਜੀ ਸੰਭਾਲ ਕਰਨ ਸਬੰਧੀ ਕਿਸਾਨ ਜਾਗਰੂਕਤਾ ਕੈਂਪ ਲਾਇਆ ਗਿਆ। ਇਸ ਕੈਂਪ ਵਿੱਚ ਖੇਤੀਬਾੜੀ ਉਪ-ਨਿਰੀਖਕ ਇੰਦਰਦੀਪ ਕੌਰ ਨੇ ਕਿਸਾਨਾ ਨੂੰ ਝੋਨੇ ਦੀ ਪਰਾਲੀ ਦੀ ਸਾਭ ਸੰਭਾਲ ਬਾਰੇ ਮਸ਼ੀਨਰੀ ਦੀ

ਜਾਣਕਾਰੀ ਸਾਝੀ ਕੀਤੀ। ਉਹਨਾ ਨੇ ਕਿਸਾਨਾ ਨੂੰ ਝੋਨੇ ਦੇ ਨਾੜ ਨੂੰ ਖੇਤ ਵਿੱਚ ਮਿਲਾ ਕੇ ਉਸ ਤੋ ਮਿਲਣ ਵਾਲੇ ਖੁਰਾਕੀ ਤੱਤਾਂ ਬਾਰੇ ਜਾਣੂ ਕਰਵਾਇਆ। ਉਹਨਾ ਦੱਸਿਆ ਕਿ ਝੋਨੇ ਦੀ ਪਰਾਲੀ ਦੇ ਨਿਪਟਾਰੇ ਲਈ ਕਿਸਾਨ ਝੋਨੇ ਨੂੰ ਸੁਪਰ ਐਸ.ਐਮ.ਐਸ ਲੱਗੇ ਕੰਬਾਇਨ ਨਾਲ ਵੱਢ ਕੇ ਕਣਕ ਦੀ ਬਿਜਾਈ ਹੈਪੀ ਸੀਡਰ, ਸੁਪਰਸੀਡਰ, ਨਾਲ ਕਰ ਸਕਦੇ ਨੇ।

--------------------------------------------------------------------

ਸ਼ਹੀਦਾਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਤੀਜੇ ਪਾਤਸ਼ਾਹ ਗੁਰੂ ਅਮਰਦਾਸ ਜੀ ਦਾ 450 ਸਾਲਾ ਜੋਤੀ ਜੋਤ ਦਿਹਾੜਾ ਅਤੇ ਗੁਰੂ ਰਾਮਦਾਸ ਜੀ ਦੇ ਗੁਰਿਆਈ ਦਿਵਸ ਸ਼ਰਧਾ ਪੂਰਵਕ ਮਨਾਇਆ ਗਿਆ। ਇਸ ਮੌਕੇ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਗੁਰੂ ਘਰ ਦੇ ਹਜ਼ੂਰੀ ਰਾਗੀ ਸਿੰਘਾਂ ਨੇ ਕੀਰਤਨ ਕੀਤਾ ਗਿਆ। ਕਥਾਵਾਚਕ ਬਾਬਾ ਗੁਰਪ੍ਰੀਤ ਸਿੰਘ ਨੇ ਗੁਰੂ ਅਮਰਦਾਸ ਜੀ ਅਤੇ ਗੁਰੂ ਰਾਮਦਾਸ ਜੀ ਦੇ ਜੀਵਨ ਸਬੰਧੀ ਸੰਗਤਾਂ ਨੂੰ ਕਥਾ ਨਾਲ ਨਿਹਾਲ ਕੀਤਾ। ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ

ਗ੍ਰੰਥੀ ਭਾਈ ਨਿਰਮਲ ਸਿੰਘ ਜੀ ਦੁਆਰਾ ਅਰਦਾਸ ਕੀਤੀ ਅਤੇ ਦਿਨ ਭਰ ਗੁਰਬਾਣੀ ਦੇ ਰਸਭਿੰਨੇ ਕੀਰਤਨ ਰਾਹੀਂ ਵੱਖ ਵੱਖ ਰਾਗੀ ਜੱਥਿਆਂ ਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਕੀਰਤਨ ਕੀਤਾ ਗਿਆ ।

---------------------------------------------------

ਬਠਿੰਡਾ-ਡੱਬਵਾਲੀ ਸੜਕ ’ਤੇ aਪਿੰਡ ਗਹਿਰੀ ਬੁੱਟਰ ’ਚ ਅੱਜ ਗੱਦਿਆਂ ਦੀ ਫੈਕਟਰੀ ‘ਚ ਅੱਗ ਲੱਗਣ ਕਾਰਨ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ । ਖਬਰ ਏਜੇਂਸੀ ਹਿੰਦੁਸਤਾਨ ਸਮਾਚਾਰ ਤੋਂ ਮਿਲੀ ਜਾਣਕਾਰੀ ਮੁਤਾਬਿਕ, ਸੂਚਨਾ ਮਿਲਣ ’ਤੇ ਬਠਿੰਡਾ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਪਹੁੰਚੀਆਂ ਪਰ ਹਾਲਾਤ ਬੇਕਾਬੂ ਹੁੰਦੇ ਵੇਖ, ਜ਼ਿਲ੍ਹਾ ਪ੍ਰਸ਼ਾਸਨ ਨੂੰ ਅੱਗ ਉੱਤੇ ਕਾਬੂ ਪਾਉਣ ਲਈ ਹਰਿਆਣਾ ਦੇ ਡੱਬਵਾਲੀ ਤੋਂ ਫਾਇਰ ਬ੍ਰਿਗੇਡ ਦੀਆਂ ਹੋਰ ਗੱਡੀਆਂ ਮੰਗਵਾਉਣੀਆਂ ਪਈਆਂ । ਇਸ ਭਿਆਨਕ ਅੱਗ ਦੀ ਲਪੇਟ ਵਿੱਚ ਆਉਣ ਕਾਰਨ ਤਿੰਨ ਮਜ਼ਦੂਰਾਂ ਦੀ ਮੌਤ ਹੋ ਗਈ । ਫੈਕਟਰੀ ਵਿੱਚ ਹੀ ਕੰਮ ਕਰਨ ਵਾਲੇ ਬਲਕਾਰ ਸਿੰਘ ਨੇ ਦੱਸਿਆ ਕਿ ਉਹ 5 ਜਣੇ ਕੰਮ ਕਰ ਰਹੇ ਸਨ । ਏ.ਡੀ.ਸੀ ਨਰਿੰਦਰ ਸਿੰਘ ਨੇ ਦੱਸਿਆ ਕਿ ਅੱਗ ਲੱਗਣ ਦੇ ਕਾਰਨਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ।

-----------------------------------------------------------------

ਪਟਿਆਲਾ ਚੀਫ ਕਮਿਸ਼ਨਰ ਗੁਰਦੁਆਰਾ ਚੋਣਾਂ, ਚੰਡੀਗੜ੍ਹ ਦੀ ਹਦਾਇਤ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬੋਰਡ ਦੀਆਂ ਚੋਣਾਂ ਦੇ ਲਈ ਜ਼ਿਲ੍ਹਾ ਪਟਿਆਲਾ ਵਿੱਚ ਯੋਗ ਵੋਟਰਾਂ ਦੀ ਰਜਿਸਟਰੇਸ਼ਨ ਦਾ ਕੰਮ ਜਾਰੀ ਏ । ਕਮਿਸ਼ਨ ਵੱਲੋਂ ਵੋਟਾਂ ਬਣਵਾਉਣ ਦੀਆਂ ਤਾਰੀਖਾਂ ਵਿੱਚ ਵਾਧਾ ਕਰਦਿਆਂ ਹੁਣ ਵੋਟ ਬਣਾਉਣ ਦੀ ਰਜਿਸਟਰੇਸ਼ਨ 31 ਅਕਤੂਬਰ ਤੱਕ ਕਰ ਦਿੱਤੀ ਗਈ ਏ ।ਅੰਤਮ ਵੋਟਰ ਸੂਚੀ ਦੀ ਤਿਆਰੀ ਦੇ ਸਬੰਧ ਵਿੱਚ ਕੇਸਾਧਾਰੀ ਵਿਅਕਤੀ ਇਸ ਮਿਤੀ ਤੱਕ ਫਾਰਮ ਨੰਬਰ-1 ਭਰ ਸਕਦੇ ਨੇ ।